ਨੰ 2/108/08-2 ਸਿ3/ 629

2/108/08-2ਸਿ 1029

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,

ਐਸ.ਜੀ.ਐਨ. ਇੰਟਰਨੈਸ਼ਨਲ ਪਬਲਿਕ ਸਕੂਲ,

ਗਿਆਸਪੁਰਾ, ਲੁਧਿਆਣਾ।

ਮਿਤੀ, ਚੰਡੀਗੜ੍ਹ 16-11-08

ਵਿਸ਼ਾ- ਐਸ.ਜੀ.ਐਨ. ਇੰਟਰਨੈਸ਼ਨਲ ਪਬਲਿਕ ਸਕੂਲ, ਗਿਆਸਪੁਰਾ, ਲੁਧਿਆਣਾ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫਲੀਏਸ਼ਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪ ਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ ਸਮੇਤ ਹਲਫੀਆ ਬਿਆਨ, ਜਿਲਾ ਸਿੱਖਿਆ ਅਫਸਰ (ਸੈ.ਸਿ.) ਲੁਧਿਆਣਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਨ੍ਹਾਂ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਮਿਤੀ 04.11.08 ਅਨੁਸਾਰ ਇਹ ਪ੍ਰਵਾਨਗੀ ਮਾਨਯੋਗ ਮੰਤਰੀ ਜੀ ਦੇ ਹੁਕਮ ਮਿਤੀ 04.11.08 ਅਨੁਸਾਰ ਜਾਰੀ ਕੀਤੀ ਜਾਂਦੀ ਹੈ।

ਸਕੱਤਰ ਸਕੂਲ ਸਿੱਖਿਆ (ਪ)

ਮਿਤੀ,ਚੰਡੀਗੜ੍ਹ

Special Secretary to Govt. Punjab., Deptt. of Education 5/2/10

ਪਿੱਠ ਅੰਕਣ ਨੰ. 2/108/08-2 ਸਿ3/1030

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ) ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ. ਜੀ-2/1/08-2 ਸਿ.3/8656 ਮਿਤੀ 15.09.08 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਸ/-

ਸਕੱਤਰ ਸਕੂਲ ਸਿੱਖਿਆ (ਪ)

Principal
G.N International School
LUDHIANA